ਭੈਰਉ ਮਹਲਾ ੩ ॥ ਜੋਗੀ ਗ੍ਰਿਹੀ ਪੰਡਿਤ ਭੇਖਧਾਰੀ ॥ ਏ ਸੂਤੇ ਅਪਣੈ ਅਹੰਕਾਰੀ ॥ ੧॥ ਮਾਇਆ ਮਦਿ ਮਾਤਾ ਰਹਿਆ ਸੋਇ ॥ ਜਾਗਤੁ ਰਹੈ ਨ ਮੂਸੈ ਕੋਇ ॥ ੧॥ ਰਹਾਉ ॥ ਸੋ ਜਾਗੈ ਜਿਸੁ ਸਤਿਗੁਰੁ ਮਿਲੈ ॥ ਪੰਚ ਦੂਤ ਓਹੁ ਵਸਗਤਿ ਕਰੈ ॥੨॥ ਸੋ ਜਾਗੈ ਜੋ ਤਤੁ ਬੀਚਾਰੈ ॥ ਆਪਿ ਮਰੈ ਅਵਰਾ ਨਹ ਮਾਰੈ ॥੩॥ ਸੋ ਜਾਗੈ ਜੋ ਏਕੋ ਜਾਣੈ ॥ ਪਰਕਿਰਤਿ ਛੋਡੈ ਤਤੁ ਪਛਾਣੈ ॥੪॥ ਚਹੁ ਵਰਨਾ ਵਿਚਿ ਜਾਗੈ ਕੋਇ ॥ ਜਮੈ ਕਾਲੈ ਤੇ ਛੂਟੈ ਸੋਇ ॥ ੫॥ ਕਹਤ ਨਾਨਕ ਜਨੁ ਜਾਗੈ ਸੋਇ ॥ ਗਿਆਨ ਅੰਜਨੁ ਜਾ ਕੀ ਨੇਤ੍ਰੀ ਹੋਇ ॥੬॥੨॥ {ਪੰਨਾ 1128}

ਪਦਅਰਥ:- ਗ੍ਰਿਹੀ—ਗ੍ਰਿਹਸਤੀ। ਪੰਡਿਤ—{ਬਹੁ-ਵਚਨ}। ਭੇਖਧਾਰੀ—ਛੇ ਭੇਖਾਂ ਦੇ ਸਾਧੂ। ਏ—{ਬਹੁ-ਵਚਨ} ਇਹ ਸਾਰੇ। ਸੂਤੇ—ਸੁੱਤੇ ਹੋਏ ਹਨ। ਅਪਣੈ ਅਹੰਕਾਰੀ—ਅਪਣੇ ਅਹੰਕਾਰਿ, ਆਪੋ ਆਪਣੇ ਅਹੰਕਾਰ ਵਿਚ।1।

ਮਦਿ—ਨਸ਼ੇ ਵਿਚ। ਮਾਤਾ—ਮਸਤ। ਰਹਿਆ ਸੋਇ—ਸੌਂ ਰਿਹਾ ਹੈ। ਜਾਗਤੁ ਰਹੈ—ਜਿਹੜਾ ਸੁਚੇਤ ਰਹਿੰਦਾ ਹੈ। ਮੂਸੈ—ਠੱਗਦਾ ਹੈ।1। ਰਹਾਉ।

ਜਿਸੁ—ਜਿਸ ਨੂੰ। ਦੂਤ—ਵੈਰੀ। ਓਹੁ—ਉਹ ਮਨੁੱਖ। ਵਸਗਤਿ—ਵੱਸ ਵਿਚ।2।

ਤਤੁ—ਜਗਤ ਦਾ ਅਸਲਾ, ਪਰਮਾਤਮਾ। ਬੀਚਾਰੈ—ਮਨ ਵਿਚ ਵਸਾਂਦਾ ਹੈ। ਮਰੈ—(ਵਿਕਾਰਾਂ ਵਲੋਂ) ਮਰਦਾ ਹੈ। ਅਵਰਾ—ਅਵਰਾਂ, ਹੋਰਨਾਂ ਨੂੰ।3।

ਏਕੋ—ਸਿਰਫ਼ ਪਰਮਾਤਮਾ ਨੂੰ। ਜਾਣੈ—ਡੂੰਘੀ ਸਾਂਝ ਪਾਂਦਾ ਹੈ। ਪਰਕਿਰਤਿ—{pRøiq—ਮਾਇਆ} ਮਾਇਆ (ਦਾ ਮੋਹ)।4।

ਕੋਇ—ਕੋਈ ਵਿਰਲਾ। ਜਪੈ ਤੇ—ਜਮ ਤੋਂ। ਕਾਲੈ ਤੇ—ਕਾਲ ਤੋਂ। ਜਮੈ ਕਾਲੈ ਤੇ—ਜਨਮ ਮਰਨ ਦੇ ਗੇੜ ਤੋਂ, ਆਤਮਕ ਮੌਤ ਤੋਂ। ਛੂਟੈ—ਬਚ ਜਾਂਦਾ ਹੈ।5।

ਜਨੁ ਸੋਇ—ਉਹੀ ਮਨੁੱਖ। ਜਾ ਕੀ ਨੇਤ੍ਰੀ—ਜਿਸ ਦੀਆਂ ਅੱਖਾਂ ਵਿਚ। ਗਿਆਨ—ਆਤਮਕ ਜੀਵਨ ਦੀ ਸੂਝ। ਅੰਜਨੁ—ਸੁਰਮਾ।6।

ਅਰਥ:- ਹੇ ਭਾਈ! ਜੀਵ ਮਾਇਆ ਦੇ (ਮੋਹ ਦੇ) ਨਸ਼ੇ ਵਿਚ ਮਸਤ ਹੋ ਕੇ ਪ੍ਰਭੂ ਦੀ ਯਾਦ ਵਲੋਂ ਗ਼ਾਫ਼ਿਲ ਹੋਇਆ ਰਹਿੰਦਾ ਹੈ (ਤੇ, ਇਸ ਦੇ ਆਤਮਕ ਜੀਵਨ ਦੀ ਰਾਸ-ਪੂੰਜੀ ਨੂੰ ਕਾਮਾਦਿਕ ਲੁੱਟਦੇ ਰਹਿੰਦੇ ਹਨ)। ਪਰ ਜਿਹੜਾ ਮਨੁੱਖ (ਪ੍ਰਭੂ ਦੀ ਯਾਦ ਦੀ ਬਰਕਤਿ ਨਾਲ) ਸੁਚੇਤ ਰਹਿੰਦਾ ਹੈ, ਉਸ ਨੂੰ ਕੋਈ ਵਿਕਾਰ ਲੁੱਟ ਨਹੀਂ ਸਕਦਾ।1। ਰਹਾਉ।

ਹੇ ਭਾਈ! ਜੋਗੀ, ਗ੍ਰਿਹਸਤੀ, ਪੰਡਿਤ, ਭੇਖਾਂ ਦੇ ਸਾਧੂ—ਇਹ ਸਾਰੇ ਆਪੋ ਆਪਣੇ (ਕਿਸੇ) ਅਹੰਕਾਰ ਵਿਚ (ਪੈ ਕੇ ਪ੍ਰਭੂ ਦੀ ਯਾਦ ਵਲੋਂ) ਗ਼ਾਫ਼ਿਲ ਹੋਏ ਰਹਿੰਦੇ ਹਨ।1।

ਹੇ ਭਾਈ! ਸਿਰਫ਼ ਉਹ ਮਨੁੱਖ ਸੁਚੇਤ ਰਹਿੰਦਾ ਹੈ ਜਿਸ ਨੂੰ ਗੁਰੂ ਮਿਲ ਪੈਂਦਾ ਹੈ। ਉਹ ਮਨੁੱਖ (ਸਿਮਰਨ ਦੀ ਬਰਕਤਿ ਨਾਲ) ਕਾਮਾਦਿਕ ਪੰਜੇ ਵੈਰੀਆਂ ਨੂੰ ਆਪਣੇ ਵੱਸ ਵਿਚ ਕਰੀ ਰੱਖਦਾ ਹੈ।2।

ਹੇ ਭਾਈ! ਸਿਰਫ਼ ਉਹ ਮਨੁੱਖ ਸੁਚੇਤ ਰਹਿੰਦਾ ਹੈ, ਜੋ ਪਰਮਾਤਮਾ ਦੇ ਗੁਣਾਂ ਨੂੰ ਆਪਣੇ ਮਨ ਵਿਚ ਵਸਾਂਦਾ ਹੈ। ਉਹ ਮਨੁੱਖ (ਵਿਕਾਰਾਂ ਵਲੋਂ) ਆਪਣੇ ਆਪ ਨੂੰ ਬਚਾਈ ਰੱਖਦਾ ਹੈ, ਉਹ ਮਨੁੱਖ ਹੋਰਨਾਂ ਉਤੇ ਧੱਕਾ-ਵਧੀਕੀ ਨਹੀਂ ਕਰਦਾ।3।

ਹੇ ਭਾਈ! ਸਿਰਫ਼ ਉਹ ਮਨੁੱਖ (ਮਾਇਆ ਦੇ ਮੋਹ ਦੀ ਨੀਂਦ ਵਲੋਂ) ਸੁਚੇਤ ਰਹਿੰਦਾ ਹੈ ਜਿਹੜਾ ਸਿਰਫ਼ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ, ਜਿਹੜਾ ਮਾਇਆ (ਦੇ ਮੋਹ) ਨੂੰ ਤਿਆਗਦਾ ਹੈ, ਅਤੇ ਆਪਣੇ ਅਸਲੇ-ਪ੍ਰਭੂ ਨਾਲ ਜਾਣ-

ਪਛਾਣ ਬਣਾਂਦਾ ਹੈ।4।

ਹੇ ਭਾਈ! (ਕੋਈ ਬ੍ਰਾਹਮਣ ਹੋਵੇ ਖੱਤ੍ਰੀ ਹੋਵੇ ਵੈਸ਼ ਹੋਵੇ ਸ਼ੂਦਰ ਹੋਵੇ) ਚੌਹਾਂ ਵਰਨਾਂ ਵਿਚੋਂ ਕੋਈ ਵਿਰਲਾ (ਮਾਇਆ ਦੇ ਮੋਹ ਦੀ ਨੀਂਦ ਤੋਂ) ਸੁਚੇਤ ਰਹਿੰਦਾ ਹੈ (ਕਿਸੇ ਖ਼ਾਸ ਵਰਨ ਦਾ ਕੋਈ ਲਿਹਾਜ਼ ਨਹੀਂ)। (ਜਿਹੜਾ ਜਾਗਦਾ ਹੈ, ਉਹ) ਆਤਮਕ ਮੌਤ ਤੋਂ ਬਚਿਆ ਰਹਿੰਦਾ ਹੈ।5।

ਨਾਨਕ ਆਖਦਾ ਹੈ—ਉਹ ਮਨੁੱਖ ਮਾਇਆ ਦੇ ਮੋਹ ਦੀ ਨੀਂਦ ਤੋਂ ਜਾਗਦਾ ਹੈ ਜਿਸ ਦੀਆਂ ਅੱਖਾਂ ਵਿਚ ਆਤਮਕ ਜੀਵਨ ਦੀ ਸੂਝ ਦਾ ਸੁਰਮਾ ਪਿਆ ਹੁੰਦਾ ਹੈ।6।2।